# PM speaks on telephone with President of France

September 21, 2021

# ਧਾਨ ਮੰਤਰੀ ਨੇ ਫਰਾਂਸ ਦੇ ਰਾਸ਼ਟਰਪਤੀ ਨਾਲ ਟੈਲੀਫ਼ੋਨ ’ਤੇ ਗੱਲਬਾਤ ਕੀਤੀ

21 ਸਤੰਬਰ, 2021

ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨੇ ਅੱਜ ਫਰਾਂਸ ਦੇ ਰਾਸ਼ਟਰਪਤੀ ਮਹਾਮਹਿਮ ਇਮੈਨੁਅਲ ਮੈਕ੍ਰੋਂ ਨਾਲ ਟੈਲੀਫ਼ੋਨ ’ਤੇ ਗੱਲਬਾਤ ਕੀਤੀ।

ਦੋਵੇਂ ਨੇਤਾਵਾਂ ਨੇ ਅਫ਼ਗ਼ਾਨਿਸਤਾਨ ਵਿੱਚ ਹਾਲੀਆ ਘਟਨਾਕ੍ਰਮ ਸਮੇਤ ਵਿਭਿੰਨ ਖੇਤਰੀ ਮੁੱਦਿਆਂ ’ਤੇ ਚਰਚਾ ਕੀਤੀ। ਇਸ ਸੰਦਰਭ ਵਿੱਚ ਉਨ੍ਹਾਂ ਨੇ ਆਤੰਕਵਾਦ ਦੇ ਸੰਭਾਵਿਤ ਪਸਾਰ, ਨਸ਼ੀਲੇ ਪਦਾਰਥਾਂ ਦੇ ਵਪਾਰ, ਅਵੈਧ ਹਥਿਆਰਾਂ ਅਤੇ ਮਨੁੱਖੀ ਤਸਕਰੀ ਦੇ ਨਾਲ-ਨਾਲ ਮਨੁੱਖੀ ਅਧਿਕਾਰਾਂ, ਮਹਿਲਾਵਾਂ ਅਤੇ ਘੱਟਗਿਣਤੀਆਂ ਦੇ ਅਧਿਕਾਰਾਂ ਦੀ ਸੁਰੱਖਿਆ ਸੁਨਿਸ਼ਚਿਤ ਕਰਨ ਦੀ ਜ਼ਰੂਰਤ ਬਾਰੇ ਆਪਣੀਆਂ-ਆਪਣੀਆਂ ਚਿੰਤਾਵਾਂ ਨੂੰ ਸਾਂਝਾ ਕੀਤਾ।

ਉਨ੍ਹਾਂ ਨੇ ਹਿੰਦ-ਪ੍ਰਸ਼ਾਂਤ ਖੇਤਰ ਵਿੱਚ ਵਧਦੇ ਦੁਵੱਲੇ ਸਹਿਯੋਗ ਅਤੇ ਖੇਤਰ ਵਿੱਚ ਸਥਿਰਤਾ ਅਤੇ ਸੁਰੱਖਿਆ ਨੂੰ ਪ੍ਰੋਤਸਾਹਨ ਦੇਣ ਵਿੱਚ ਭਾਰਤ-ਫਰਾਂਸ ਭਾਈਵਾਲੀ ਦੀ ਮਹੱਤਵਪੂਰਨ ਭੂਮਿਕਾ ਦੀ ਸਮੀਖਿਆ ਕੀਤੀ।

ਦੋਵੇਂ ਨੇਤਾਵਾਂ ਨੇ ਭਾਰਤ-ਫਰਾਂਸ ਰਣਨੀਤਕ ਭਾਈਵਾਲੀ ਦੀ ਭਾਵਨਾ ਦੇ ਅਧਾਰ ’ਤੇ ਗਹਿਰੇ ਅਤੇ ਨਿਯਮਿਤ ਸਲਾਹ-ਮਸ਼ਵਰੇ ਨੂੰ ਕਾਇਮ ਰੱਖਣ ’ਤੇ ਸਹਿਮਤੀ ਪ੍ਰਗਟ ਕੀਤੀ ਅਤੇ ਆਪਸੀ ਸਬੰਧਾਂ ਨੂੰ ਮਜ਼ਬੂਤ ਬਣਾਉਣ ’ਤੇ ਜ਼ੋਰ ਦਿੱਤਾ।

ਨਵੀਂ ਦਿੱਲੀ

21 ਸਤੰਬਰ, 2021

DISCLAIMER: This is an approximate translation. The original is available in English on MEA’s website and may be referred to as the official press release.